# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 06-07-2024**

ਕੇਂਦਰੀ ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰਾਲੇ ਨੇ ਕਿਹਾ ਏ, ਕਿ ਪਿਆਜ਼ ਦੀਆਂ ਕੀਮਤਾਂ ਸਥਿਰ ਨੇ । ਮੰਤਰਾਲੇ ਅਨੁਸਾਰ ਪਿਛਲੇ ਸਾਲ ਦੇ ਮੁਕਾਬਲੇ, ਇਸ ਸੀਜ਼ਨ ਵਿੱਚ ਪਿਆਜ਼ ਦਾ ਉਤਪਾਦਨ ਘੱਟ ਹੋਣ ਦੇ ਬਾਵਜੂਦ, ਘਰੇਲੂ ਬਾਜ਼ਾਰ ਵਿੱਚ ਪਿਆਜ਼ ਦੀ ਉਪਲਬਧਤਾ ਏ । ਇਸ ਸਾਲ ਹਾੜੀ ਦੇ ਸੀਜ਼ਨ 'ਚ, ਪਿਆਜ਼ ਦਾ 191 ਲੱਖ ਟਨ ਉਤਪਾਦਨ ਹੋਣ ਦਾ ਅਨੁਮਾਨ, ਘਰੇਲੂ ਖਪਤ ਨੂੰ ਪੂਰਾ ਕਰਨ ਲਈ ਕਾਫੀ ਏ । ਨਾਲ ਹੀ ਸਾਉਣੀ ਦੇ ਪਿਆਜ਼ ਦੀ ਪੈਦਾਵਾਰ, ਤਿੰਨ ਲੱਖ 61 ਹਜ਼ਾਰ ਹੈਕਟੇਅਰ ਰਕਬੇ ਵਿੱਚ ਹੋ ਰਹੀ ਏ, ਜਿਹੜੀ ਪਿਛਲੇ ਸਾਲ ਨਾਲੋਂ 27 ਫੀਸਦੀ ਵੱਧ ਏ ।

---------------------------------------------------------

ਭਾਰਤੀ ਜਨਤਾ ਪਾਰਟੀ ਨੇ ਉੱਘੇ ਰਾਸ਼ਟਰਵਾਦੀ ਚਿੰਤਕ, ਡਾ. ਸ਼ਿਆਮਾ

ਪ੍ਰਸਾਦ ਮੁਖਰਜੀ ਦੀ ਜਯੰਤੀ 'ਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਏ । BJP ਨੇ ਐਕਸ ਹੈਂਡਲ 'ਤੇ, ਭਾਰਤ ਦੀ ਏਕਤਾ ਅਤੇ ਅਖੰਡਤਾ ਲਈ ਆਪਣੀ ਜਾਨ ਕੁਰਬਾਨ ਕਰਨ ਵਾਲੇ, ਤੀਬਰ ਰਾਸ਼ਟਰਵਾਦੀ ਚਿੰਤਕ, ਮਹਾਨ ਸਿੱਖਿਆ ਸ਼ਾਸਤਰੀ, ਜਨ ਸੰਘ ਦੇ ਸੰਸਥਾਪਕ ਅਤੇ ਮਾਰਗ-ਦਰਸ਼ਕ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੀ ਜਯੰਤੀ ’ਤੇ ਕੋਟਿ-ਕੋਟਿ ਨਮਨ ਕੀਤਾ ।

---------------------------------------------------------

ਭਾਰਤ ਸਰਕਾਰ ਵੱਲੋਂ ਆਸਵੰਦ ਜ਼ਿਲ੍ਹਾ ਅਤੇ ਬਲਾਕ ਪ੍ਰੋਗਰਾਮ ਤਹਿਤ, ਵੱਖ-ਵੱਖ ਮਾਪਦੰਡਾਂ ਵਿੱਚ ਪਛੜ ਰਹੇ ਜ਼ਿਲ੍ਹਿਆਂ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਅਤੇ ਆਰਥਿਕ ਵਿਕਾਸ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਏ । ਇਸੇ ਲੜੀ ਤਹਿਤ, ਜ਼ਿਲ੍ਹਾ ਫਿਰੋਜ਼ਪੁਰ ਦੇ ਬਲਾਕ ਮਖੂ ਵਿਚ, ਸੰਪੂਰਨਤਾ ਅਭਿਆਨ ਦੀ ਸ਼ੁਰੂਆਤ ਕਲ ਕੀਤੀ ਗਈ ।

***ਹੋਰ ਵੇਰਵੇ ਨਾਲ ਇਹ ਰਿਪੋਰਟ : ਡਿਸਪੈਚ: ਭਾਰਤ ਸਰਕਾਰ ਵੱਲੋਂ ਆਸਵੰਦ ਜ਼ਿਲ੍ਹਾ ਅਤੇ ਬਲਾਕ ਪ੍ਰੋਗਰਾਮ ਤਹਿਤ ਵੱਖ-ਵੱਖ ਮਾਪਦੰਡਾਂ ਵਿੱਚ ਪਛੜ ਰਹੇ ਜ਼ਿਲ੍ਹਿਆਂ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਅਤੇ***

*ਆਰਥਿਕ ਵਿਕਾਸ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਏ । ਇਸੇ ਲੜੀ ਵਿਚ ਜ਼ਿਲ੍ਹਾ ਫਿਰੋਜ਼ਪੁਰ ਦੇ ਬਲਾਕ ਮਖੂ ਵਿਚ ਸੰਪੂਰਨਤਾ ਅਭਿਆਨ ਦੀ ਸ਼ੁਰੂਆਤ ਕਲ ਕੀਤੀ ਗਈ। ਅਭਿਆਨ ਤਹਿਤ ਕੇਂਦਰ ਸਰਕਾਰ ਦੀਆਂ ਵੱਖ ਵੱਖ ਯੋਜਨਾਵਾਂ ਤੋਂ ਆਮ ਲੋਕਾਂ ਨੂੰ ਜਾਣੂ ਕਰਵਾਇਆ ਜਾ ਰਿਹਾ ਏ ਤਾਂ ਜੋ ਉਹ ਇਹਨਾਂ ਦਾ ਲਾਭ ਲੈ ਸਕਣ। ਜੀਰਾ ਦੇ ਐੱਸ.ਡੀ.ਐੱਮ. ਗੁਰਮੀਤ ਸਿੰਘ ਮਾਨ ਨੇ ਸੰਪੂਰਨਤਾ ਅਭਿਆਨ ਦੇ ਟੀਚਿਆਂ ਬਾਰੇ ਦੱਸਿਆ । Byte ਸੰਪੂਰਨਤਾ ਅਭਿਆਨ ਤਹਿਤ ਮਹੱਤਵਪੂਰਨ 6 ਪਹਿਲੂਆਂ ਜਿਨ੍ਹਾਂ ਵਿੱਚ ਸਿਹਤ, ਪੋਸ਼ਣ, ਖੇਤੀਬਾੜੀ, ਸਿੱਖਿਆ, ਸਮਾਜਿਕ ਤਰੱਕੀ ਆਦਿ ਸ਼ਾਮਿਲ ਨੇ, ਦੇ ਟੀਚਿਆਂ ਨੂੰ ਸੌ ਫ਼ੀਸਦੀ ਪੂਰਾ ਕੀਤਾ ਜਾਵੇਗਾ । ਭਾਰਤ ਸਰਕਾਰ ਦੀਆਂ ਵੱਖ ਵੱਖ ਸਕੀਮਾਂ ਦੇ ਲਾਭਪਾਤਰੀਆਂ ਨੇ ਕਿਹਾ Byte ਬਲਾਕ ਮੱਖੂ ਦੇ ਪ੍ਰਾਇਮਰੀ ਸਿਹਤ ਕੇਂਦਰ ਵਿਖੇ ਸਕੂਲੀ ਵਿਦਿਆਰਥੀਆਂ ਵੱਲੋਂ ਸੰਪੂਰਨਤਾ ਯਾਤਰਾ ਕੱਢੀ ਗਈ, ਸਿਹਤ ਵਿਭਾਗ ਨੇ ਵਿਸ਼ੇਸ਼ ਤੌਰ 'ਤੇ ਮੁਫ਼ਤ ਹੈਲਥ ਕੈਂਪ ਲਗਾਇਆ ਅਤੇ ਬਿਮਾਰੀਆਂ ਤੋਂ ਬਚਣ ਲਈ ਜਾਗਰੂਕਤਾ ਪੈਂਫਲਿਟ ਵੰਡੇ । ਇਸ ਮੌਕੇ*

***ਸਵੈ ਸਹਾਇਤਾ ਸਮੂਹਾਂ ਵੱਲੋਂ ਤਿਆਰ ਸਮਾਨ ਦੀਆਂ ਪ੍ਰਦਰਸ਼ਨੀਆਂ ਵੀ ਲਗਾਈਆਂ ਗਈਆਂ । ਜਸਵਿੰਦਰ ਸਿੰਘ ਬਿੱਟਾ ਨਾਲ ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

---------------------------------------------------

ਪੰਜਾਬ BJP ਦੇ ਸੂਬਾ ਮੀਤ ਪ੍ਰਧਾਨ ਡਾ: ਸੁਭਾਸ਼ ਸ਼ਰਮਾ ਨੇ ਕਿਹਾ ਏ, ਕਿ ਲੁਧਿਆਣਾ ਵਿਖੇ ਸ਼ਿਵ ਸੈਨਾ ਆਗੂ ਅਤੇ ਅਮਰ ਸ਼ਹੀਦ ਸੁਖਦੇਵ ਗੋਰਾ ਥਾਪਰ ਦੇ ਵੰਸ਼ਜ 'ਤੇ, ਜਿਸ ਤਰ੍ਹਾਂ ਜਾਨਲੇਵਾ ਹਮਲਾ ਹੋਇਆ ਏ, ਉਸ ਦੀ ਪਾਰਟੀ ਸਖ਼ਤ ਨਿਖੇਧੀ ਕਰਦੀ ਏ। ਮੋਹਾਲੀ ਤੋਂ ਜਾਰੀ ਇਕ ਬਿਆਨ ਵਿਚ, ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਮਨ-ਕਾਨੂੰਨ ਦੀ ਸਥਿਤੀ ਲਗਾਤਾਰ ਵਿਗੜਦੀ ਜਾ ਰਹੀ ਏ ਅਤੇ ਗ੍ਰਹਿ ਮੰਤਰੀ ਦਾ ਕਾਰਜਭਾਰ ਵੀ ਸੰਭਾਲਣ ਵਾਲੇ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਮਨ-ਕਾਨੂੰਨ ਦੀ ਵਿਵਸਥਾ ਕਾਇਮ ਰੱਖਣ ਵਿੱਚ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਏ ਨੇ, ਤੇ ਉਨਾਂ ਦਾ ਧਿਆਨ ਝੂਠੀ ਇਸ਼ਤਿਹਾਰਬਾਜ਼ੀ, ਬਿਆਨਬਾਜ਼ੀ ਅਤੇ ਚੋਣਾਂ 'ਤੇ ਲੱਗਿਆ ਹੋਇਆ ਏ। ਡਾ: ਸੁਭਾਸ਼ ਸ਼ਰਮਾ ਨੇ ਕਿਹਾ ਕਿ ਪੂਰੀ ਸਰਕਾਰ ਅਜੇ ਵੀ ਜਲੰਧਰ

ਦੇ ਲੋਕਾਂ ਨੂੰ ਡਰਾਉਣ ਧਮਕਾਉਣ 'ਤੇ ਲੱਗੀ ਹੋਈ ਏ, ਤਾਂ ਜੋ ਜਲੰਧਰ ਪੱਛਮੀ ਦੀ ਜ਼ਿਮਨੀ ਚੋਣ ਜਿੱਤੀ ਜਾ ਸਕੇ। ਉਨ੍ਹਾਂ ਕਿਹਾ ਕਿ ਕੁਝ ਮਹੀਨੇ ਪਹਿਲਾਂ, ਨੰਗਲ ਵਿਸ਼ਵ ਹਿੰਦੂ ਪ੍ਰੀਸ਼ਦ ਦੇ ਆਗੂ, ਵਿਕਾਸ ਪ੍ਰਭਾਕਰ ਦੀ ਬੇਰਹਿਮੀ ਨਾਲ ਹੱਤਿਆ ਕਰ ਦਿੱਤੀ ਗਈ ਸੀ ਅਤੇ ਹੁਣ ਗੋਰਾ ਥਾਪਰ 'ਤੇ ਜਾਨਲੇਵਾ ਹਮਲਾ ਹੋਇਆ ਏ, ਇਸ ਲਈ ਮੁੱਖ ਮੰਤਰੀ ਨੂੰ ਤੁਰੰਤ ਢੁਕਵੇਂ ਕਦਮ ਚੁੱਕਣੇ ਚਾਹੀਦੇ ਨੇ।

---

ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਵਿੱਚ ਬੀਤੀ ਰਾਤ ਤੋਂ, ਹਲਕੇ ਤੋਂ ਦਰਮਿਆਨਾ ਮੀਂਹ ਪੈਣ ਨਾਲ ਤਾਪਮਾਨ ਵਿਚ ਗਿਰਾਵਟ ਆਈ ਏ ਅਤੇ ਮੌਸਮ ਕਾਫੀ ਸੁਹਾਵਨਾ ਬਣ ਗਿਆ ਏ। ਹਾਲਾਂਕਿ ਬਾਅਦ ਦੁਪਹਿਰ ਧੁੱਪ ਵੀ ਨਿਕਲੀ ਏ। ਜਲੰਧਰ ਅਤੇ ਆਲੇ ਦੁਆਲੇ ਦੇ ਇਲਾਕਿਆਂ ਵਿੱਚ, ਬੀਤੀ ਰਾਤ ਤੋਂ ਪਏ ਮੀਂਹ ਨਾਲ, ਕਈ ਸੜਕਾਂ ਤੇ ਪਾਣੀ ਜਮ੍ਹਾਂ ਹੋ ਗਿਆ ਏ, ਜਦਕਿ ਕਈ ਇਲਾਕਿਆਂ ਵਿੱਚ ਬਿਜਲੀ ਵੀ ਗੁੱਲ ਰਹੀ। ਓਧਰ ਫਰੀਦਕੋਟ, ਪਟਿਆਲਾ, ਮੋਗਾ, ਮਾਨਸਾ , ਮੋਹਾਲੀ ਤੇ ਪਠਾਨਕੋਟ ਵਿਚ ਵੀ ਮੀਂਹ ਪੈਣ ਦੀਆਂ ਖਬਰਾਂ ਨੇ। ਮੌਸਮ ਵਿਭਾਗ ਨੇ

ਫ਼ਿਲਹਾਲ ਮੀਂਹ ਦਾ ਇਹ ਸਿਲਸਿਲਾ ਜਾਰੀ ਰਹਿਣ ਦੀ ਸੰਭਾਵਨਾ ਦੱਸੀ ਏ, ਅਤੇ ਕਈ ਜਿਲ੍ਹਿਆਂ ਲਈ ਮੀਂਹ ਸੰਬੰਧੀ ਯੈਲੋ ਅਲਰਟ ਜਾਰੀ ਕੀਤਾ ਏ।